# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :07-04-2026**

ਕੇਂਦਰੀ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਏ  ਕਿ ਖੁਰਾਕ ਸੁਰੱਖਿਆ ਨੂੰ ਯਕੀਨੀ ਬਣਾਉਣਾ ਤੇ ਕਿਸਾਨਾਂ ਦੀ ਆਮਦਨ ਵਧਾਉਣਾ ਸਰਕਾਰ ਦੀਆਂ ਪ੍ਰਮੁੱਖ ਤਰਜੀਹਾਂ ਨੇ । ਕੇਂਦਰੀ ਮੰਤਰੀ ਅੱਜ ਜੈਪੁਰ ਵਿੱਚ  ਖੇਤਰੀ ਖੇਤੀਬਾੜੀ ਕਾਨਫਰੰਸ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਖੇਤੀਬਾੜੀ ਖੇਤਰ ਨੂੰ ਮਜ਼ਬੂਤ ਕਰਨ ਲਈ ਠੋਸ ਤੇ ਬਹੁ-ਆਯਾਮੀ ਯਤਨ ਕੀਤੇ ਜਾ ਰਹੇ ਨੇ । ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਕਿਸਾਨਾਂ ਨੂੰ ਸਸ਼ਕਤ ਬਣਾਉਣ ਤੇ ਉਨ੍ਹਾਂ ਨੂੰ ਸਵੈ-ਨਿਰਭਰ ਬਣਾਉਣ ਲਈ ਖੇਤੀਬਾੜੀ ਵਿੱਚ ਵਿਭਿੰਨਤਾ ਜ਼ਰੂਰੀ ਏ । ਉਨ੍ਹਾਂ ਕਿਹਾ ਕਿ  ਨਵੀਆਂ ਤਕਨੀਕਾਂ ਨੂੰ ਅਪਣਾਉਣਾ, ਆਧੁਨਿਕ ਖੇਤੀ

ਅਭਿਆਸਾਂ ਨੂੰ ਉਤਸ਼ਾਹਿਤ ਕਰਨਾ ਤੇ ਏਕੀਕ੍ਰਿਤ ਖੇਤੀ ਪ੍ਰਣਾਲੀਆਂ 'ਤੇ ਧਿਆਨ ਕੇਂਦਰਿਤ ਕਰਨਾ ਸਮੇਂ ਦੀ ਲੋੜ ਏ । ਸ੍ਰੀ ਚੌਹਾਨ ਨੇ ਕਿਹਾ ਕਿ ਵਾਤਾਵਰਣ ਦੀ ਰੱਖਿਆ ਕਰਦੇ ਹੋਏ ਖੇਤੀਬਾੜੀ ਨੂੰ ਅੱਗੇ ਵਧਾਉਣਾ ਵੀ ਉਨਾ ਹੀ ਮਹੱਤਵਪੂਰਨ ਏ । ਉਨ੍ਹਾਂ ਕਿਹਾ, ਕੁਦਰਤੀ ਖੇਤੀ ਨੂੰ ਅਪਣਾਉਣ ਤੇ ਖਾਦਾਂ ਦੀ ਸਮਝਦਾਰੀ ਨਾਲ ਵਰਤੋਂ ਨੂੰ ਯਕੀਨੀ ਬਣਾਉਣ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾਣਾ ਚਾਹੀਦਾ ਏ । ਉਨ੍ਹਾਂ ਸੂਬਿਆਂ  ਨੂੰ ਮਿਸ਼ਨ ਮੋਡ ਵਿੱਚ ਕਿਸਾਨ ਆਈਡੀ ਬਣਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਇਹ ਪਹਿਲ ਕਿਸਾਨਾਂ ਨੂੰ ਸਰਕਾਰੀ ਯੋਜਨਾਵਾਂ ਦੇ ਲਾਭ ਸਿੱਧੇ ਤੇ ਪਾਰਦਰਸ਼ੀ ਢੰਗ ਨਾਲ ਪ੍ਰਾਪਤ ਕਰਨ ਵਿੱਚ ਮਦਦ ਕਰੇਗੀ।

---------------------------------------------------------------------------

ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਸ਼੍ਰੋਮਣੀ ਕਮੇਟੀ ਵੱਲੋਂ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾ ਰਿਹਾ ਏ । ਇਸ ਸਬੰਧ ਵਿਚ ਜਿਥੇ

ਬੀਤੇ ਕੱਲ੍ਹ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਗੁਰੂ ਸਾਹਿਬ ਦੇ ਪ੍ਰਕਾਸ਼ ਅਸਥਾਨ ਗੁਰਦੁਆਰਾ ਗੁਰੂ ਕੇ ਮਹਿਲ ਤੱਕ ਅਲੌਕਿਕ ਨਗਰ ਕੀਰਤਨ ਸਜਾਇਆ ਗਿਆ ਸੀ, ਉਥੇ ਹੀ ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਤੇ ਗੁਰਦੁਆਰਾ ਬਾਬਾ ਅਟੱਲ ਰਾਏ ਸਾਹਿਬ ਵਿਖੇ ਸੁੰਦਰ ਜਲੌ ਸਜਾਏ ਗਏ। ਉਧਰ ਨੌਵੇਂ ਪਾਤਸ਼ਾਹ ਜੀ ਦੇ ਪ੍ਰਕਾਸ਼ ਅਸਥਾਨ ਗੁਰਦੁਆਰਾ ਗੁਰੂ ਕੇ ਮਹਿਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਗੁਰਮਤਿ ਸਮਾਗਮ ਵਿਚ ਵੱਖ-ਵੱਖ ਪੰਥ ਪ੍ਰਸਿੱਧ ਕੀਰਤਨੀ ਜਥਿਆਂ ਨੇ ਹਾਜ਼ਰੀ ਭਰੀ। ਪ੍ਰਕਾਸ਼ ਪੁਰਬ ਨੂੰ ਸਮਰਪਿਤ ਵੱਡੀ ਗਿਣਤੀ ਵਿਚ ਸੰਗਤਾਂ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਇਥੇ ਸਥਿਤ ਹੋਰ ਅਸਥਾਨਾਂ ਅਤੇ ਗੁਰਦੁਆਰਾ ਗੁਰੂ ਕੇ ਮਹਿਲ ਵਿਖੇ ਸ਼ਰਧਾ ਨਾਲ ਮੱਥਾ ਟੇਕਿਆ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਅੰਮ੍ਰਿਤ ਸਰੋਵਰ ਵਿਚ ਇਸ਼ਨਾਨ ਕੀਤੇ ।

ਧਾਰਮਿਕ ਆਗੂਆਂ ਨੇ ਸੰਗਤ ਨੂੰ ਗੁਰੂ ਤੇਗ ਬਹਾਦਰ ਜੀ ਦੇ ਦਰਸਾਏ ਮਾਰਗ 'ਤੇ ਚੱਲਣ ਦੀ ਅਪੀਲ ਕਰਦਿਆਂ ਕਿਹਾ ਏ ਕਿ ਗੁਰੂ ਸਾਹਿਬ ਦਾ ਜੀਵਨ ਤੇ ਸ਼ਹਾਦਤ ਸਮੁੱਚੀ ਮਨੁੱਖਤਾ ਲਈ ਇੱਕ ਮਿਸਾਲ ਵਜੋਂ ਕੰਮ ਕਰਦੀ ਰਹੇਗੀ। ਇਸ ਮੌਕੇ ਉਪ ਰਾਸ਼ਟਰਪਤੀ  ਸੀ.ਪੀ. ਰਾਧਾਕ੍ਰਿਸ਼ਨਨ, ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਗ੍ਰਿਹ ਮੰਤਰੀ  ਅਮਿਤ ਸ਼ਾਹ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਰਕਾਸ਼ ਪੁਰਬ ਮੌਕੇ ਗੁਰੂ ਤੇਗ ਬਹਾਦਰ ਜੀ ਨੂੰ ਸ਼ਰਧਾਂਜਲੀ ਭੇਟ ਕੀਤੀ ਏ।

---

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਏ ਕਿ ਪੰਜਾਬ ਦੇ ਬਿਜਲੀ ਖੇਤਰ ਵਿੱਚ ਵੱਡਾ ਢਾਂਚਾਗਤ ਬਦਲਾਅ ਆਇਆ ਏ। ਕਿਸੇ ਸਮੇਂ ਘਾਟੇ ਵਿੱਚ ਚੱਲ ਰਿਹਾ ਇਹ ਵਿਭਾਗ ਹੁਣ 90 ਫੀਸਦੀ ਘਰਾਂ ਨੂੰ ਮੁਫ਼ਤ ਬਿਜਲੀ ਪ੍ਰਦਾਨ ਕਰ ਕੇ ਵੀ ਮੁਨਾਫ਼ਾ ਕਮਾ ਰਿਹਾ ਏ । ਉਨ੍ਹਾਂ ਇਸ ਗੱਲ ’ਤੇ ਜ਼ੋਰ ਦਿੱਤਾ ਕਿ ਸਰਕਾਰ ਨੇ ਨਾ ਸਿਰਫ਼ 600 ਯੂਨਿਟ ਮੁਫ਼ਤ ਬਿਜਲੀ

ਰਾਹੀਂ ਬਹੁਗਿਣਤੀ ਪਰਿਵਾਰਾਂ ਲਈ ਜ਼ੀਰੋ ਬਿਜਲੀ ਬਿੱਲ ਯਕੀਨੀ ਬਣਾਏ, ਸਗੋਂ 540 ਮੈਗਾਵਾਟ ਗੋਇੰਦਵਾਲ ਥਰਮਲ ਪਾਵਰ ਪਲਾਂਟ ਨੂੰ ਖ਼ਰੀਦ ਕੇ ਬਿਜਲੀ ਉਪਲਬਧਤਾ ਵਿੱਚ ਅਹਿਮ ਸੁਧਾਰ ਕੀਤੇ ਨੇ। ਮੁੱਖ ਮੰਤਰੀ ਨੇ ਕਿਹਾ ਕਿ ਵਪਾਰਕ ਤੇ ਉਦਯੋਗਿਕ ਖਪਤਕਾਰਾਂ ਸਮੇਤ ਹੋਰ ਸ੍ਰੇਣੀਆਂ ਲਈ ਟੈਰਿਫ ਘਟਾਏ ਗਏ ਨੇ , ਕਿਸਾਨਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਮਿਲ ਰਹੀ ਏ  ਤੇ ਨਵੇਂ ਸਬਸਟੇਸ਼ਨਾਂ ਅਤੇ ਟ੍ਰਾਂਸਫਾਰਮਰਾਂ ਰਾਹੀਂ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਗਿਆ ਏ। ਬਿਜਲੀ ਵਿਭਾਗ  ਨੂੰ ਰਾਸ਼ਟਰੀ ਪੱਧਰ ’ਤੇ ਦੂਜਾ ਸਥਾਨ ਮਿਲਣਾ ਪੰਜਾਬ ਨੂੰ ਬਿਜਲੀ ਵਿੱਚ ਆਤਮ-ਨਿਰਭਰ ਬਣਾਉਣ ਤੇ ਲੋਕਾਂ ਲਈ 24 ਘੰਟੇ ਮੁਫ਼ਤ ਬਿਜਲੀ ਸਪਲਾਈ ਲਈ ਸੂਬਾ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਏ।

---------------------------------------------------------------------------

ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਏ ਕਿ ਪੰਜਾਬ ਸਰਕਾਰ ਨੇ ਵਿੱਤੀ ਸਾਲ 2025-26 ਵਿੱਚ ਇਨਫੋਰਸਮੈਂਟ ਦੇ ਖੇਤਰ ਵਿੱਚ ਰਿਕਾਰਡ ਨਤੀਜੇ ਪ੍ਰਾਪਤ ਕੀਤੇ ਨੇ , ਜੋ ਖੁਫੀਆ ਜਾਣਕਾਰੀ ਅਧਾਰਤ ਕਾਰਵਾਈ ਤੇ ਮਾਲੀਏ ਦੀ ਮਜ਼ਬੂਤ ਸੁਰੱਖਿਆ ਵੱਲ ਇੱਕ ਨਿਰਣਾਇਕ ਬਦਲਾਅ ਨੂੰ ਦਰਸਾਉਂਦਾ ਏ । ਵਿੱਤ ਮੰਤਰੀ ਨੇ ਕਿਹਾ ਕਿ ਸੂਬੇ ਦੇ ਕਰ ਵਿਭਾਗ ਨੇ ਵਿੱਤੀ ਸਾਲ 2025-26 ਦੌਰਾਨ 1 ਹਜ਼ਾਰ 383 ਕਰੋੜ 11 ਲੱਖ ਰੁਪਏ ਦੇ ਭਾਰੀ ਜੁਰਮਾਨੇ ਲਗਾਏ । ਇਸ ਜੁਰਮਾਨੇ ਵਿੱਚੋਂ 1 ਹਜ਼ਾਰ 137 ਕਰੋੜ 85 ਲੱਖ ਰੁਪਏ ਪਹਿਲਾਂ ਹੀ ਵਸੂਲ ਕੀਤੇ ਜਾ ਚੁੱਕੇ ਨੇ , ਜੋ ਇਨਫੋਰਸਮੈਂਟ ਦੀ ਕੁਸ਼ਲਤਾ ਤੇ ਮਾਲੀਆ ਵਸੂਲੀ ਵਿਚ ਇਕ ਮਹੱਤਵਪੂਰਨ ਪ੍ਰਾਪਤੀ ਨੂੰ ਦਰਸਾਉਂਦਾ ਏ । ਉਨ੍ਹਾਂ ਕਿਹਾ, “ਨਿਰੀਖਣ-ਅਧਾਰਤ ਇਨਫੋਰਸਮੈਂਟ ਨੇ ਮੁੱਖ ਭੂਮਿਕਾ ਨਿਭਾਈ, ਜਿਸ ਵਿੱਚ 1 ਹਜ਼ਾਰ 215 ਕਰੋੜ 95 ਲੱਖ ਰੁਪਏ ਦਾ ਜੁਰਮਾਨਾ ਤੇ 972 ਕਰੋੜ 15 ਲੱਖ ਰੁਪਏ ਦੀ

ਅਸਲ ਵਸੂਲੀ ਸ਼ਾਮਲ ਏ । ਇਸ ਦੇ ਨਾਲ ਹੀ, ਸੜਕੀ ਚੈਕਿੰਗ ਮੁਹਿੰਮਾਂ ਨੇ 165 ਕਰੋੜ ਤੋਂ ਵੱਧ ਦਾ ਠੋਸ ਯੋਗਦਾਨ ਪਾਇਆ । ਇਹ ਕਾਰਗੁਜ਼ਾਰੀ ਵਿੱਤੀ ਸਾਲ 2024-25 ਦੇ ਮੁਕਾਬਲੇ ਕਈ ਗੁਣਾ ਸੁਧਾਰ ਨੂੰ ਦਰਸਾਉਂਦੀ ਏ ।

---------------------------------------------------------------------------

ਹਾਲ ਹੀ ਵਿਚ ਕਾਂਗਰਸ ਪਾਰਟੀ ਚੋ ਬਾਹਰ ਕਰ ਦਿੱਤੀ ਗਈ ਪੰਜਾਬ ਦੀ ਸਿਆਸਤਦਾਨ, ਡਾ. ਨਵਜੋਤ ਕੌਰ ਸਿੱਧੂ ਨੇ ਇੱਕ ਨਵੀਂ ਸਿਆਸੀ ਪਾਰਟੀ - ਭਾਰਤੀ ਰਾਸ਼ਟਰਵਾਦੀ ਪਾਰਟੀ - ਦੀ ਸ਼ੁਰੂਆਤ ਦਾ ਐਲਾਨ ਕੀਤਾ ਏ । ਅੰਮ੍ਰਿਤਸਰ ਤੋਂ ਸਾਬਕਾ ਭਾਜਪਾ ਵਿਧਾਇਕ, ਜੋ ਬਾਅਦ ਵਿੱਚ ਆਪਣੇ ਪਤੀ, ਕ੍ਰਿਕਟਰ ਤੋਂ ਸਿਆਸਤਦਾਨ ਬਣੇ, ਨਵਜੋਤ ਸਿੰਘ ਸਿੱਧੂ ਨਾਲ ਕਾਂਗਰਸ ਵਿੱਚ ਸ਼ਾਮਲ ਹੋਈ ਸੀ , ਨੇ ਬੀਤੀ ਰਾਤ ਆਪਣੇ ਸੋਸ਼ਲ ਮੀਡੀਆ ਹੈਂਡਲ 'ਐਕਸ' 'ਤੇ ਇਹ ਐਲਾਨ ਕੀਤਾ। ਡਾ. ਸਿੱਧੂ ਨੇ ਕਿਹਾ ਕਿ ਉਨ੍ਹਾਂ ਵਰਗੀ ਸੋਚ

ਵਾਲੇ ਲੋਕਾਂ ਦੀ ਪਾਰਟੀ ਪੰਜਾਬ ਨੂੰ ਸੁਨਹਿਰੀ ਸੂਬਾ ਹੋਣ ਦੀ ਆਪਣੀ ਗੁਆਚੀ ਸ਼ਾਨ ਪ੍ਰਾਪਤ ਕਰਨ ਲਈ ਅਗਵਾਈ ਕਰੇਗੀ ।

-----------------------------------------------------------------------------------